ਮਾਰੂ ਮਹਲਾ ੫ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਡਰਪੈ ਧਰਤਿ ਅਕਾਸੁ ਨਖ੍ਯ੍ਤ੍ਰਾ ਸਿਰ ਊਪਰਿ ਅਮਰੁ ਕਰਾਰਾ ॥ ਪਉਣੁ ਪਾਣੀ ਬੈਸੰਤਰੁ ਡਰਪੈ ਡਰਪੈ ਇੰਦ੍ਰੁ ਬਿਚਾਰਾ ॥੧॥ ਏਕਾ ਨਿਰਭਉ ਬਾਤ ਸੁਨੀ ॥ ਸੋ ਸੁਖੀਆ ਸੋ ਸਦਾ ਸੁਹੇਲਾ ਜੋ ਗੁਰ ਮਿਲਿ ਗਾਇ ਗੁਨੀ ॥ ੧॥ ਰਹਾਉ ॥ ਦੇਹਧਾਰ ਅਰੁ ਦੇਵਾ ਡਰਪਹਿ ਸਿਧ ਸਾਧਿਕ ਡਰਿ ਮੁਇਆ ॥ ਲਖ ਚਉਰਾਸੀਹ ਮਰਿ ਮਰਿ ਜਨਮੇ ਫਿਰਿ ਫਿਰਿ ਜੋਨੀ ਜੋਇਆ ॥੨॥ ਰਾਜਸੁ ਸਾਤਕੁ ਤਾਮਸੁ ਡਰਪਹਿ ਕੇਤੇ ਰੂਪ ਉਪਾਇਆ ॥ ਛਲ ਬਪੁਰੀ ਇਹ ਕਉਲਾ ਡਰਪੈ ਅਤਿ ਡਰਪੈ ਧਰਮ ਰਾਇਆ ॥ ੩॥ ਸਗਲ ਸਮਗ੍ਰੀ ਡਰਹਿ ਬਿਆਪੀ ਬਿਨੁ ਡਰ ਕਰਣੈਹਾਰਾ ॥ ਕਹੁ ਨਾਨਕ ਭਗਤਨ ਕਾ ਸੰਗੀ ਭਗਤ ਸੋਹਹਿ ਦਰਬਾਰਾ ॥੪॥੧॥ {ਪੰਨਾ 998-999}

ਪਦਅਰਥ:- ਡਰਪੈ—ਡਰਦਾ ਹੈ, ਰਜ਼ਾ ਵਿਚ ਤੁਰਦਾ ਹੈ, ਰਜ਼ਾ ਤੋਂ ਆਕੀ ਨਹੀਂ ਹੋ ਸਕਦਾ। ਨਖ੍ਯ੍ਤ੍ਰਾ—ਤਾਰੇ। ਅਮਰੁ—ਹੁਕਮ। ਕਰਾਰਾ—ਕਰੜਾ। ਬੈਸੰਤਰੁ—ਅੱਗ।1।

ਏਕਾ ਬਾਤ—ਇਕੋ ਗੱਲ। ਨਿਰਭਉ—ਡਰ-ਰਹਿਤ। ਮਿਲਿ—ਮਿਲਿ ਕੇ। ਗੁਨੀ—(ਪਰਮਾਤਮਾ ਦੇ) ਗੁਣ।1। ਰਹਾਉ।

ਦੇਹਧਾਰ—ਦੇਹ-ਧਾਰੀ, ਜੀਵ। ਅਰ—ਅਤੇ। ਡਰਪਹਿ—ਡਰਦੇ ਹਨ, ਰਜ਼ਾ ਵਿਚ ਤੁਰਦੇ ਹਨ। ਸਿਧ—ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ। ਸਾਧਿਕ—ਜੋਗ-ਸਾਧਨਾਂ ਕਰਨ ਵਾਲੇ। ਮਰਿ—ਮਰ ਕੇ। ਜੋਨੀ—ਜੂਨਾਂ ਵਿਚ। ਜੋਇਆ—ਧੱਕੇ ਜਾਂਦੇ ਹਨ।2।

ਰਾਜਸੁ—ਰਜੋ ਗੁਣ। ਸਾਤਕੁ—ਸਤੋ ਗੁਣ। ਤਾਮਸੁ—ਤਮੋ ਗੁਣ। ਕੇਤੇ—ਬੇਅੰਤ। ਬਪੁਰੀ—ਵਿਚਾਰੀ, ਨਿਮਾਣੀ। ਕਉਲਾ—ਲੱਛਮੀ। ਅਤਿ—ਬਹੁਤ।3।

ਡਰਹਿ—ਡਰ ਵਿਚ। ਬਿਆਪੀ—ਫਸੀ ਰਹਿੰਦੀ ਹੈ। ਕਰਣੈਹਾਰਾ—ਸਿਰਜਣਹਾਰ ਪ੍ਰਭੂ। ਸੰਗੀ—ਸਾਥੀ। ਸੋਹਹਿ—ਸੋਭਦੇ ਹਨ।4।

ਅਰਥ:- ਹੇ ਭਾਈ! (ਅਸਾਂ) ਇੱਕੋ ਗੱਲ ਸੁਣੀ ਹੋਈ ਹੈ ਜੋ ਮਨੁੱਖ ਨੂੰ ਡਰਾਂ ਤੋਂ ਰਹਿਤ ਕਰ ਦੇਂਦੀ ਹੈ (ਉਹ ਇਹ ਹੈ ਕਿ) ਜਿਹੜਾ ਮਨੁੱਖ ਗੁਰੂ ਨੂੰ ਮਿਲ ਕੇ ਪਰਮਾਤਮਾ ਦੇ ਗੁਣ ਗਾਂਦਾ ਹੈ (ਅਤੇ ਰਜ਼ਾ ਅਨੁਸਾਰ ਜੀਊਣਾ ਸਿੱਖ ਲੈਂਦਾ ਹੈ) ਉਹ ਸੁਖੀ ਜੀਵਨ ਵਾਲਾ ਹੈ ਉਹ ਸਦਾ ਸੌਖਾ ਰਹਿੰਦਾ ਹੈ।1। ਰਹਾਉ।

ਹੇ ਭਾਈ! ਧਰਤੀ, ਆਕਾਸ਼, ਤਾਰੇ—ਇਹਨਾਂ ਸਭਨਾਂ ਦੇ ਸਿਰ ਉੱਤੇ ਪਰਮਾਤਮਾ ਦਾ ਕਰੜਾ ਹੁਕਮ ਚੱਲ ਰਿਹਾ ਹੈ (ਇਹਨਾਂ ਵਿਚੋਂ ਕੋਈ ਭੀ) ਰਜ਼ਾ ਤੋਂ ਆਕੀ ਨਹੀਂ ਹੋ ਸਕਦਾ। ਹਵਾ, ਪਾਣੀ, ਅੱਗ (ਆਦਿਕ ਹਰੇਕ ਤੱਤ) ਰਜ਼ਾ ਵਿਚ ਤੁਰ ਰਿਹਾ ਹੈ। ਨਿਮਾਣਾ ਇੰਦਰ (ਭੀ) ਪ੍ਰਭੂ ਦੇ ਹੁਕਮ ਵਿਚ ਤੁਰ ਰਿਹਾ ਹੈ (ਭਾਵੇਂ ਲੋਕਾਂ ਦੇ ਖ਼ਿਆਲ ਅਨੁਸਾਰ ਉਹ ਸਾਰੇ ਦੇਵਤਿਆਂ ਦਾ ਰਾਜਾ ਹੈ)।1।

ਹੇ ਭਾਈ! ਸਾਰੇ ਜੀਵ ਅਤੇ ਦੇਵਤੇ ਹੁਕਮ ਵਿਚ ਤੁਰ ਰਹੇ ਹਨ, ਸਿੱਧ ਅਤੇ ਸਾਧਿਕ ਭੀ (ਹੁਕਮ ਅੱਗੇ) ਥਰ ਥਰ ਕੰਬਦੇ ਹਨ। ਚੌਰਾਸੀ ਲੱਖ ਜੂਨਾਂ ਦੇ ਸਾਰੇ ਜੀਵ (ਜੋ ਰਜ਼ਾ ਵਿਚ ਨਹੀਂ ਤੁਰਦੇ) ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਮੁੜ ਮੁੜ ਜੂਨਾਂ ਵਿਚ ਪਾਏ ਜਾਂਦੇ ਹਨ।2।

ਹੇ ਭਾਈ! ਪਰਮਾਤਮਾ ਨੇ ਬੇਅੰਤ ਜੀਵ ਪੈਦਾ ਕੀਤੇ ਹਨ ਜੋ ਰਜੋ ਸਤੋ ਤਮੋ (ਇਹਨਾਂ ਤਿੰਨ ਗੁਣਾਂ ਵਿਚ ਵਰਤ ਰਹੇ ਹਨ, ਇਹ ਸਾਰੇ ਉਸ ਦੇ) ਹੁਕਮ ਵਿਚ ਹੀ ਕਾਰ ਕਰ ਰਹੇ ਹਨ। (ਦੁਨੀਆ ਦੇ ਸਾਰੇ ਜੀਵਾਂ ਵਾਸਤੇ) ਛਲ (ਬਣੀ ਹੋਈ) ਇਹ ਵਿਚਾਰੀ ਲੱਛਮੀ ਭੀ ਰਜ਼ਾ ਵਿਚ ਤੁਰ ਰਹੀ ਹੈ, ਧਰਮਰਾਜ ਭੀ ਹੁਕਮ ਅੱਗੇ ਥਰ ਥਰ ਕੰਬਦਾ ਹੈ।3।

ਹੇ ਭਾਈ! ਦੁਨੀਆ ਦੀ ਸਮੱਗ੍ਰੀ ਰਜ਼ਾ ਵਿਚ ਬੱਝੀ ਹੋਈ ਹੈ, ਇੱਕ ਸਿਰਜਣਹਾਰ ਪ੍ਰਭੂ ਹੀ ਹੈ ਜਿਸ ਉਤੇ ਕਿਸੇ ਦਾ ਡਰ

ਨਹੀਂ। ਹੇ ਨਾਨਕ! ਆਖ—ਪਰਮਾਤਮਾ ਆਪਣੇ ਭਗਤਾਂ ਦਾ ਸਹਾਈ ਹੈ, ਭਗਤ ਉਸ ਦੇ ਦਰਬਾਰ ਵਿਚ ਸਦਾ ਸੋਭਾ ਪਾਂਦੇ ਹਨ।4।1।